**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (99410-04313)
ਵਾਸੀ ਭੋਲਾਪੁਰ, ਡਾਕਖਾਨਾ ਰਾਮਗੜ੍ਹ,
ਚੰਡੀਗੜ੍ਹ ਰੋਡ, ਲੁਧਿਆਣਾ-141123. ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ-ਕਮ-ਲਾਇਸੈਂਸਿੰਗ ਅਤੇ
ਰਜਿਸਟਰੇਸ਼ਨ ਅਥਾਰਟੀ, ਮਾਨਸਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਮੈਜਿਸਟਰੇਟ-ਕਮ-
ਲਾਇਸੈਂਸਿੰਗ ਅਤੇ ਰਜਿਸਟਰੇਸ਼ਨ ਅਥਾਰਟੀ,
ਮਾਨਸਾ। ------ਉੱਤਰਦਾਤਾ

**ਅਪੀਲ ਕੇਸ ਨੰ:1805/2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 02-01-2019, ਲੋਕ ਸੂਚਨਾ ਅਧਿਕਾਰੀ ਦਫਤਰ ਉਪ ਮੰਡਲ ਮੈਜਿਸਟਰੇਟ-ਕਮ-ਲਾਇਸੈਂਸਿੰਗ ਅਤੇ ਰਜਿਸਟਰੇਸ਼ਨ ਅਥਾਰਟੀ, ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਗੱਡੀਆਂ ਦੇ ਟੈਕਸਾਂ ਨਾਲ ਸਬੰਧਤ 03 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 07-02-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 14-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ।

3. ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਪਰੰਤੂ ਲੋਕ ਸੂਚਨਾ ਅਧਿਕਾਰੀ-ਕਮ-ਉਪ ਮੰਡਲ ਮੈਜਿਸਟਰੇਟ-ਕਮ-ਲਾਇਸੈਂਸਿੰਗ ਅਤੇ ਰਜਿਸਟਰੇਸ਼ਨ ਅਥਾਰਟੀ, ਮਾਨਸਾ ਨੇ ਈ.ਮੇਲ, ਮਿਤੀ 07-08-2019 ਰਾਹੀਂ ਭੇਜੇ ਗਏ ਪੱਤਰ ਨੰ:93, ਮਿਤੀ 06-08-2019 ਦੁਆਰਾ ਕਮਿਸ਼ਨ ਨੂੰ ਸੂਚਿਤ ਕੀਤਾ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ.ਅਰਜ਼ੀ, ਮਿਤੀ 02-01-2019, ਉਨ੍ਹਾਂ ਨੂੰ ਮਿਤੀ 08-01-2019 ਨੂੰ ਪ੍ਰਾਪਤ ਹੋਈ ਸੀ ਅਤੇ ਉਨ੍ਹਾਂ ਵੱਲੋਂ ਪੱਤਰ ਨੰ:91, ਮਿਤੀ 19-07-2019 ਰਾਹੀਂ ਰਜਿਸਟਰਡ ਡਾਕ ਦੁਆਰਾ ਮਿਤੀ 06-08-2019 ਨੂੰ ਅਪੀਲਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ।

4. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਪ੍ਰਾਪਤ ਹੋਏ ਪੱਤਰ ਅਨੁਸਾਰ ਅਪੀਲਕਰਤਾ ਦੀ ਆਰ.ਟੀ.ਆਈ.ਅਰਜ਼ੀ, ਮਿਤੀ 02-01-2019, ਉਨ੍ਹਾਂ ਨੂੰ ਮਿਤੀ 08-01-2019 ਨੂੰ ਪ੍ਰਾਪਤ ਹੋਈ ਸੀ ਅਤੇ ਉਨ੍ਹਾਂ ਵੱਲੋਂ ਲਗਭੱਗ 07 ਮਹੀਨੇ ਦਾ ਸਮਾਂ ਬੀਤ ਜਾਣ ਉਪਰੰਤ ਆਪਣੇ ਪੱਤਰ ਨੰ:91, ਮਿਤੀ 19-07-2019 ਰਾਹੀਂ ਰਜਿਸਟਰਡ ਡਾਕ ਦੁਆਰਾ ਮਿਤੀ

ਪਰਤੋ ਜੀ----ਚਲਦਾ ਪੰਨਾ/2

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਅਪੀਲ ਕੇਸ ਨੰ:**1805/2019

06-08-2019 ਨੂੰ ਅਪੀਲਕਰਤਾ ਨੂੰ ਸੂਚਨਾ ਭੇਜੀ ਗਈ ਹੈ ਜਦੋਂ ਕਿ ਆਰ.ਟੀ.ਆਈ. ਐਕਟ,2005 ਦੇ ਉਪਬੰਧਾਂ ਮੁਤਾਬਿਕ ਅਪੀਲਕਰਤਾ ਨੂੰ 30 ਦਿਨਾਂ ਦੇ ਅੰਦਰ-ਅੰਦਰ ਸੂਚਨਾ ਮੁਹੱਈਆ ਕਰਵਾਈ ਜਾਣੀ ਬਣਦੀ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਨੂੰ ਇੰਨੀ ਲੇਟ ਸੂਚਨਾ ਭੇਜਣ ਬਾਰੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਪੇਸ਼ ਕੀਤਾ ਜਾਣਾ ਯਕੀਨੀ ਬਣਾਇਆ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਰਾਜ ਸੂਚਨਾ ਕਮਿਸ਼ਨਰ, ਪੰਜਾਬ।

ਮਿਤੀ: ਚੰਡੀਗੜ੍ਹ, 07 ਅਗਸਤ, 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਰਾਜੇਸ ਗੁਪਤਾ, (94639-90768)
ਮਕਾਨ ਨੰ:738, ਸੈਕਟਰ 41-ਏ,
ਚੰਡੀਗੜ੍ਹ। ----------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਰਜਿਸਟਰਾਰ ਆਫ ਫਰਮਜ਼ ਅਤੇ ਸੋਸਾਇਟੀਜ਼,
ਪੰਜਾਬ, ਚੰਡੀਗੜ੍ਹ।

ਪਹਿਲੀ ਅਪੀਲੀ ਅਥਾਰਟੀ-ਕਮ-
ਸੰਯੁਕਤ ਡਾਇਰੈਕਟਰ,
ਉਦਯੋਗ ਵਿਭਾਗ, ਪੰਜਾਬ,
ਚੰਡੀਗੜ੍ਹ। ---------ਉੱਤਰਦਾਤਾ

**ਅਪੀਲ ਕੇਸ ਨੰ: 1832/2019**

**ਹਾਜ਼ਰ:-**

1) ਸ੍ਰੀ ਰਾਜੇਸ ਗੁਪਤਾ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 19-02-2019, ਲੋਕ ਸੂਚਨਾ ਅਧਿਕਾਰੀ ਦਫਤਰ ਰਜਿਸਟਰਾਰ ਆਫ ਫਰਮਜ਼ ਅਤੇ ਸੋਸਾਇਟੀਜ਼, ਪੰਜਾਬ, ਚੰਡੀਗੜ੍ਹ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੰਜਾਬ ਲਾਈਵਸਟੋਕ ਡਿਵੈਲਪਮੈਟ ਬੋਰਡ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 25-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 16-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 04-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 07 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ੍ਰੀ ਗਗਨਦੀਪ ਸਿੰਘ ਜੰਜੂਆ, (97806-43243)
ਪਿੰਡ ਤੂਰਾ, ਡਾਕਖਾਨਾ ਕੁੰਭ,ਤਹਿਸੀਲ ਅਮਲੋਹ,
ਜ਼ਿਲ੍ਹਾ ਫਤਿਹਗੜ੍ਹ ਸਾਹਿਬ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਤਹਿਸੀਲਦਾਰ, ਬਲਾਚੋਰ,
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਉਪ ਮੰਡਲ ਮੈਜਿਸਟਰੇਟ, ਬਲਾਚੋਰ।
ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ। --------ਉੱਤਰਦਾਤਾ

**ਅਪੀਲ ਕੇਸ ਨੰ: 1857/2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 31-01-2019, ਲੋਕ ਸੂਚਨਾ ਅਧਿਕਾਰੀ ਦਫਤਰ ਤਹਿਸੀਲਦਾਰ, ਬਲਾਚੋਰ, ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਆਪਣੀ ਦਰਖਾਸਤ, ਮਿਤੀ 24-07-2018 ਰਾਹੀਂ ਦਿੱਤੀ ਗਈ ਸ਼ਿਕਾਇਤ ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 18-03-2019 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 17-05-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅਪੀਲਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੀ ਈ.ਮੇਲ, ਮਿਤੀ 07-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ ਵੱਲੋਂ ਅੱਜ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਉਨ੍ਹਾਂ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ।ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੀ ਆਰ.ਟੀ.ਆਈ. ਅਰਜ਼ੀ ਮੁਤਾਬਿਕ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਅਪੀਲਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ।ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**
**ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਮਿਤੀ: ਚੰਡੀਗੜ੍ਹ,** 07 **ਅਗਸਤ,** 2019.

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਬਿਕਰਮਜੀਤ ਸਿੰਘ ਛਾਛੀ, (94639-40586)
120 -ਬੀ /1 ਨਾਗਰਾ ਹਾਊਸ,
ਟੀ.ਬੀ. ਹਸਪਤਾਲ ਰੋਡ, ਪਟਿਆਲਾ-147001. -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਾਬਾ ਫਰੀਦ ਯੂਨੀਵਰੀਸਟੀ ਆਫ਼
ਹੈਲਥ ਸਾਇੰਸਿਜ਼ ਫਰੀਦਕੋਟ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਰਜਿਸਟਰਾਰ, ਬਾਬਾ ਫਰੀਦ ਯੂਨੀਵਰੀਸਟੀ ਆਫ਼
ਹੈਲਥ ਸਾਇੰਸਿਜ਼ ਫਰੀਦਕੋਟ। --------ਉੱਤਰਦਾਤਾ

**ਅਪੀਲ ਕੇਸ ਨੰ: 1879/2019**

**ਹਾਜ਼ਰ:-**

1) ਸ਼੍ਰੀ ਬਿਕਰਮਜੀਤ ਸਿੰਘ ਛਾਛੀ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਸ਼੍ਰੀ ਮੁਨੀਸ਼ ਸਿੰਘ, ਐਡਵੋਕੇਟ (93920-91801)।

**ਹਕਮ:**

ਅਪੀਲਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 17-08-2018, ਲੋਕ ਸੂਚਨਾ ਅਧਿਕਾਰੀ ਦਫਤਰ ਬਾਬਾ ਫਰੀਦ ਯੂਨੀਵਰੀਸਟੀ ਆਫ਼ ਹੈਲਥ ਸਾਇੰਸਿਜ਼ ਫਰੀਦਕੋਟ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਮਹੀਨਾ ਜਲਾਈ ਅਤੇ ਅਗਸਤ, 2018 ਨਾਲ ਸਬੰਧਤ ਆਰ.ਟੀ.ਆਈ. ਐਕਟ ਅਧੀਨ ਪ੍ਰਾਪਤ ਹੋਈਆਂ ਅਰਜ਼ੀਆਂ/ਅਪੀਲਾਂ ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ 04 ਨੁਕਤਿਆਂ ਬਾਰੇ ਸੂਚਨਾ ਦੀ ਮੰਗ ਕੀਤੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 24-09-2018 ਨੂੰ ਪਹਿਲੀ ਅਪੀਲੀ ਅਥਾਰਟੀ ਕੋਲ ਅਪੀਲ ਦਾਇਰ ਕੀਤੀ ਸੀ। ਉਸ ਉਪਰੰਤ ਉਸ ਨੇ ਮਿਤੀ 30-04-2019 ਨੂੰ ਕਮਿਸ਼ਨ ਕੋਲ ਦੂਜੀ ਅਪੀਲ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਅਪੀਲਕਰਤਾ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਲਈ ਬੇਨਤੀ ਕੀਤੀ ਹੈ। ਉੱਤਰਦਾਤਾ ਵੱਲੋਂ ਹਾਜ਼ਰ, ਸ਼੍ਰੀ ਮੁਨੀਸ਼ ਸਿੰਘ, ਐਡਵੋਕੇਟ ਨੇ ਆਪਣਾ ਲਿਖਤੀ ਜਵਾਬ, ਮਿਤੀ 26-07-2019 ਪੇਸ਼ ਕਰਦੇ ਹੋਏ ਕੁੱਝ ਸਮੇਂ ਦੀ ਮੰਗ ਕੀਤੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਕੀਤਾ ਗਿਆ ਜਵਾਬ ਮਿਸਲ ਤੇ ਰੱਖ ਲਿਆ ਗਿਆ ਹੈ। ਉੱਤਰਦਾਤਾ ਵੱਲੋਂ ਹਾਜ਼ਰ ਨੁਮਾਇੰਦੇ ਦੀ ਬੇਨਤੀ ਪ੍ਰਵਾਨ ਕਰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 27-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 07 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤਰਲੋਚਨ ਸਿੰਘ ਪੁੱਤਰ ਸ਼੍ਰੀ ਕਿਸ਼ਨ ਸਿੰਘ,
ਵਾਸੀ ਪਿੰਡ ਤੇ ਡਾਕਖਾਨਾ ਕੁਠਾਲਾ,
ਤਹਿਸੀਲ ਮਲੇਰਕੋਟਲਾ, ਜ਼ਿਲ੍ਹਾ ਸੰਗਰੂਰ-148020. ------- ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:451 /2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅਜੈ ਕੁਮਾਰ, ਇੰਸਪੈਕਟਰ, ਖਰਾਕ ਤੇ ਸਪਲਾਈ (97800-43713) ਅਤੇ ਸ਼੍ਰੀ ਨਵਤੇਜ਼ ਸਿੰਘ, ਇੰਸਪੈਕਟਰ, ਖਰਾਕ ਤੇ ਸਪਲਾਈ (98555-92639)।

**ਹਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇਕ ਬਿਨੈ ਪੱਤਰ ਮਿਤੀ 07-03-2018, ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੰਜਾਬ ਸਰਕਾਰ ਦੀ ਆਟਾ-ਦਾਲ ਸਕੀਮ ਨਾਲ ਸਬੰਧਤ ਸੂਚਨਾ ਦੀ ਮੰਗ ਕੀਤੀ ਸੀ। ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਸੂਚਨਾ ਦਾ ਸਬੰਧ ਖੁਰਾਕ ਤੇ ਸਪਲਾਈ ਵਿਭਾਗ ਨਾਲ ਹੋਣ ਕਾਰਨ ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਸੰਗਰੂਰ ਵੱਲੋਂ ਸ਼ਿਕਾਇਤਕਰਕਤਾ ਦੀ ਆਰ.ਟੀ.ਆਈ. ਅਰਜ਼ੀ, ਆਰ.ਟੀ.ਆਈ. ਐਕਟ ਦੀ ਧਾਰਾ 6(3) ਤਹਿਤ ਆਪਣੇ ਪੱਤਰ ਨੰ:87/ਆਰ.ਟੀ.ਆਈ, ਮਿਤੀ 14-03-2019 ਰਾਹੀਂ ਲੋਕ ਸੂਚਨਾ ਅਧਿਕਾਰੀ-ਕਮ-ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ, ਸੰਗਰੂਰ ਨੂੰ ਤਬਦੀਲ ਕਰ ਦਿੱਤੀ ਗਈ ਸੀ। ਸਬੰਧਤ ਲੋਕ ਸੂਚਨਾ ਅਧਿਕਾਰੀ ਵੱਲੋਂ ਸ਼ਿਕਾਇਤਕਰਤਾ ਨੂੰ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਉਸ ਨੇ ਮਿਤੀ 13-05-2019 ਨੂੰ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਮਿਤੀ 05-07-2019 ਨੂੰ ਨੋਟਿਸ ਜਾਰੀ ਕਰਕੇ ਇਹ ਕੇਸ ਪਹਿਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11:30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਪੇਸ਼ੀ ਤੇ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਆਪਣੇ ਪੱਤਰ, ਮਿਤੀ 23-07-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਹੈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜਰ, ਸ਼੍ਰੀ ਅਜੈ ਕੁਮਾਰ, ਇੰਸਪੈਕਟਰ, ਖਰਾਕ ਤੇ ਸਪਲਾਈ ਅਤੇ ਸ਼੍ਰੀ ਨਵਤੇਜ਼ ਸਿੰਘ, ਇੰਸਪੈਕਟਰ, ਖਰਾਕ ਤੇ ਸਪਲਾਈ ਨੇ ਪੱਤਰ ਨੰ:ਨਖਸ/1116, ਮਿਤੀ 13-04-2019 ਜ਼ੋ ਕਿ ਸ਼ਿਕਾਇਤਕਰਤਾ ਨੂੰ ਸੰਬੋਧਿਤ ਹੈ, ਪੇਸ਼ ਕਰਦੇ ਹੋਏ ਕਿਹਾ ਹੈ ਕਿ ਸ਼ਿਕਾਇਤਕਰਤਾ ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

3. ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤੇ ਗਏ ਪੱਤਰ ਨੂੰ ਵਾਚਣ ਤੋਂ ਇਹ ਪਾਇਆ ਗਿਆ ਹੈ ਕਿ ਉੱਤਰਦਾਤਾ ਵੱਲੋਂ ਭਾਵੇਂ ਕਿ ਨਿਰਧਾਰਿਤ ਸਮੇਂ ਅੰਦਰ ਸ਼ਿਕਾਇਤਕਰਤਾ ਨੂੰ ਜਵਾਬ ਭੇਜਿਆ ਗਿਆ ਹੈ ਪਰ ਇਹ ਜਵਾਬ ਸਹੀ ਨਹੀਂ ਹੈ ਕਿਉਂਕਿ ਇਹ ਜਵਾਬ ਸ਼ਿਕਾਇਤਕਰਤਾ ਦੀ ਆਰ.ਟੀ.ਆਈ. ਆਰਜ਼ੀ ਦੇ ਅਨੁਕੂਲ ਨਹੀਂ ਹੈ। ਇਸ ਬਾਰੇ ਹਾਜ਼ਰ ਉੱਤਰਦਾਤਾ ਨੂੰ ਸਮਝਾ ਦਿੱਤਾ ਗਿਆ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਦੀ

ਪਰਤੋ ਜੀ----ਚਲਦਾ ਪੰਨਾ

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**



**ਸ਼ਿਕਾਇਤ ਕੇਸ ਨੰ:**451 /2019

ਆਰ.ਟੀ.ਆਈ. ਅਰਜ਼ੀ ਮੁਤਾਬਿਕ ਵਿਸਥਾਰ-ਪੂਰਵਕ ਜਵਾਬ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਸ਼ਿਕਾਇਤਕਰਤਾ ਨੂੰ ਭੇਜਦੇ ਹੋਏ ਕਮਿਸ਼ਨ ਨੂੰ ਵੀ ਸੂਚਿਤ ਕੀਤਾ ਜਾਵੇ ਅਤੇ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰੀ ਵੀ ਯਕੀਨੀ ਬਣਾਈ ਜਾਵੇ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 27-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ,** 07 **ਅਗਸਤ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਲੋਕ ਸੂਚਨਾ ਅਧਿਕਾਰੀ-ਕਮ-
ਜ਼ਿਲ੍ਹਾ ਖੁਰਾਕ ਤੇ ਸਪਲਾਈ ਕੰਟਰੋਲਰ,
ਸੰਗਰੂਰ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਪੰਕਜ ਗਰਗ, (98880-04488)
#2, ਨੇੜੇ ਭਗਤ ਸਿੰਘ ਚੌਕ,
ਭਗਤ ਸਿੰਘ ਗਲੀ, ਮਾਨਸਾ। ------- ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ, ਪੁਲਿਸ,
ਮਾਨਸਾ। ---------ਉੱਤਰਦਾਤਾ

**ਸ਼ਿਕਾਇਤ ਕੇਸ ਨੰ:457 /2019**

**ਹਾਜ਼ਰ:-**

1) ਸ਼੍ਰੀ ਪੰਕਜ ਗਰਗ, ਸ਼ਿਕਾਇਤਕਰਤਾ ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਅੰਗਰੇਜ਼ ਸਿੰਘ, ਐਸ.ਆਈ.(94171-34212)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 11-04-2019 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ, ਪੁਲਿਸ, ਮਾਨਸਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਪੁਲਿਸ ਸਟੇਸ਼ਨ, ਸਿਟੀ-1 ਮਾਨਸਾ ਵਿਖੇ ਲਗਾਏ ਗਏ ਕੈਮਰੇ ਦੀ ਮਿਤੀ 05-04-2019 ਦੀ ਰਿਕਾਰਡਿੰਗ ਫੁੱਟੇਜ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 21-05-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-07-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 07-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਸਮੇਂ ਦੋਵਾਂ ਧਿਰਾਂ ਨੂੰ ਸੁਣਿਆ ਗਿਆ। ਸ਼ਿਕਾਇਤਕਰਤਾ ਨੇ ਕਿਹਾ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਦੀ ਮੰਗ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਅੰਗਰੇਜ਼ ਸਿੰਘ, ਐਸ.ਆਈ. ਨੇ ਪੱਤਰ ਨੰ:26/ਆਰ.ਟੀ.ਆਈ., ਮਿਤੀ 06-08-2019 ਪੇਸ਼ ਕਰਦੇ ਹੋਏ ਕਿਹਾ ਕਿ ਉਨ੍ਹਾਂ ਵੱਲੋਂ ਸ਼ਿਕਾਇਤਕਰਤਾ ਦੀ ਆਰ.ਟੀ.ਆਈ., ਮਿਤੀ 11-04-2019 ਜੋ ਕਿ ਉਨ੍ਹਾਂ ਨੂੰ ਮਿਤੀ 12-04-2019 ਨੂੰ ਪ੍ਰਾਪਤ ਹੋਈ ਸੀ, ਦਾ ਜਵਾਬ ਮਿਤੀ 06-05-2019 ਨੂੰ ਭੇਜਿਆ ਜਾ ਚੁੱਕਾ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।

4. ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਨਿਰਧਾਰਿਤ ਸਮੇਂ ਅੰਦਰ ਜਵਾਬ ਭੇਜਿਆ ਗਿਆ ਹੈ ਜੋ ਕਿ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਇਆ ਗਿਆ ਹੈ। ਇਸ ਕਰਕੇ ਇਹ ਸ਼ਿਕਾਇਤ ਕੇਸ ਵੀ ਨਹੀਂ ਬਣਦਾ। ਸ਼ਿਕਾਇਤਕਰਤਾ ਨੂੰ ਕਮਿਸ਼ਨ ਨੂੰ ਪਹੁੰਚ ਕਰਨ ਤੋਂ ਪਹਿਲਾਂ, ਪਹਿਲੀ ਅਪੀਲੀ ਅਥਾਰਟੀ ਕੋਲ ਪਹੁੰਚ ਕਰਨੀ ਚਾਹੀਦੀ ਸੀ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 07 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਮਨਜੀਤ ਸਿੰਘ (98553-09896)
ਪੁੱਤਰ ਸਵ: ਸ਼੍ਰੀ ਅਮਰ ਸਿੰਘ,
ਵਾਸੀ 4780 ਸ਼ਿਵਾ ਜੀ ਨਗਰ, ਲੁਧਿਆਣਾ। -------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਸੀਨੀਅਰ ਕਪਤਾਨ ਪੁਲਿਸ,
ਵਿਜੀਲੈਂਸ ਬਿਊਰੋ ਲੁਧਿਆਣਾ। -------ਉੱਤਰਦਾਤਾ

**ਸ਼ਿਕਾਇਤ ਕੇਸ ਨੰ:476 /2019**

**ਹਾਜ਼ਰ:-**

1) ਸ਼ਿਕਾਇਤਕਰਤਾ ਵੱਲੋਂ ਕੋਈ ਵੀ ਨਹੀਂ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀ ਸੋਮ ਨਾਥ, ਐਸ.ਆਈ. (98785-28700)।

**ਹੁਕਮ:**

ਸ਼ਿਕਾਇਤਕਰਤਾ ਨੇ ਸੂਚਨਾ ਦਾ ਅਧਿਕਾਰ ਐਕਟ, 2005 ਅਧੀਨ ਇੱਕ ਬਿਨੈ ਪੱਤਰ, ਮਿਤੀ 15-12-2018 ਨੂੰ ਲੋਕ ਸੂਚਨਾ ਅਧਿਕਾਰੀ ਦਫਤਰ ਸੀਨੀਅਰ ਕਪਤਾਨ ਪੁਲਿਸ, ਵਿਜੀਲੈਂਸ ਬਿਊਰੋ ਲੁਧਿਆਣਾ ਨੂੰ ਪੇਸ਼ ਕੀਤਾ ਸੀ ਜਿਸ ਰਾਹੀਂ ਉਸ ਨੇ ਐਡਵੋਕੇਟ, ਸ਼੍ਰੀ ਸਤੀਸ਼ ਕੁਮਾਰ ਸ਼ਰਮਾ ਵੱਲੋਂ ਭੇਜੇ ਗਏ ਲੀਗਲ ਨੋਟਿਸ, ਮਿਤੀਠ 01-10-2018 ਤੇ ਕੀਤੀ ਗਈ ਕਾਰਵਾਈ ਨਾਲ ਸਬੰਧਤ 02 ਨੁਕਤਿਆਂ ਬਾਰੇ ਸੂਚਨਾ ਮੰਗੀ ਸੀ। ਲੋਕ ਸੂਚਨਾ ਅਧਿਕਾਰੀ ਵੱਲੋਂ ਮੰਗੀ ਗਈ ਸੂਚਨਾ ਨਾ ਦੇਣ ਕਾਰਨ ਮਿਤੀ 20-05-2019 ਨੂੰ ਸ਼ਿਕਾਇਤਕਰਤਾ ਨੇ ਕਮਿਸ਼ਨ ਕੋਲ ਸ਼ਿਕਾਇਤ ਦਾਇਰ ਕੀਤੀ ਸੀ ਜਿਸ ਨੂੰ ਪੜਚੋਲਣ ਉਪਰੰਤ ਕਮਿਸ਼ਨ ਵੱਲੋਂ ਮਿਤੀ 05-07-2019 ਨੂੰ ਨੋਟਿਸ ਜਾਰੀ ਕਰ ਕੇ ਇਹ ਕੇਸ ਪਹਿਲੀ ਸੁਣਵਾਈ, ਮਿਤੀ 07-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਸ਼ਿਕਾਇਤਕਰਤਾ ਅੱਜ ਹਾਜ਼ਰ ਨਹੀਂ ਹੋਇਆ ਪਰੰਤੂ ਉਸ ਵੱਲੋਂ ਅੱਜ ਹਾਜ਼ਰ ਨਾ ਹੋਣ ਬਾਰੇ ਅਪਣੀ ਈ.ਮੇਲ, ਮਿਤੀ 07-08-2019 ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਇਹ ਵੀ ਦੱਸਿਆ ਗਿਆ ਹੈ ਕਿ ਉਸ ਨੂੰ ਅਜੇ ਤੱਕ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ।ਇਸ ਲਈ ਉਸ ਵੱਲੋਂ ਸੂਚਨਾ ਮੁਹੱਈਆ ਕਰਾਉਣ ਅਤੇ ਉੱਤਰਦਾਤਾ ਨੂੰ ਜੁਰਮਾਨਾ ਲਗਾਉਣ ਦੀ ਮੰਗ ਕੀਤੀ ਗਈ ਹੈ।

3. ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ, ਸ਼੍ਰੀ ਸੋਮ ਨਾਥ, ਐਸ.ਆਈ. ਨੇ ਆਪਣਾ ਲਿਖਤੀ ਬਿਆਨ, ਮਿਤੀ 07-08-2019 ਪੇਸ਼ ਕਰਦੇ ਹੋਏ ਕਿਹਾ ਹੈ ਕਿ ਉਨ੍ਹਾਂ ਵੱਲੋਂ ਰਜਿਸਟਰਡ ਪੱਤਰ ਰਾਹੀਂ ਸ਼ਿਕਾਇਤਕਰਤਾ ਨੂੰ ਪਹਿਲਾਂ ਹੀ ਮਿਤੀ 26-12-2018, 16-01-2019 ਅਤੇ ਫਿਰ 06-05-2019 ਨੂੰ ਸੂਚਨਾ ਭੇਜੀ ਜਾ ਚੁੱਕੀ ਹੈ। ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਬਿਆਨ ਮਿਸਲ ਤੇ ਰੱਖ ਲਿਆ ਗਿਆ ਹੈ। ਉਨ੍ਹਾਂ ਵੱਲੋਂ ਇਸ ਬਾਰੇ ਆਪਣੇ ਪੱਤਰ ਨੰ:3314/ਏ.ਸੀ.-3/ਵਿ:ਬਿ:/ਲੁਧਿ:, ਮਿਤੀ 09-07-2019 ਜਿਸ ਦਾ ਇੱਕ ਉਤਾਰਾ ਸ਼ਿਕਾਇਤਕਰਤਾ ਨੂੰ ਵੀ ਭੇਜਿਆ ਹੋਇਆ ਹੈ, ਰਾਹੀਂ ਵੀ ਕਮਿਸ਼ਨ ਨੂੰ ਵਿਸਥਾਰ-ਪੂਰਵਕ ਜਵਾਬ ਭੇਜਿਆ ਹੋਇਆ ਹੈ।

4. ਉੱਤਰਦਾਤਾ ਵੱਲੋਂ ਸ਼ਿਕਾਇਤਕਰਤਾ ਨੂੰ ਨਿਰਧਾਰਿਤ ਸਮੇਂ ਅੰਦਰ ਸੂਚਨਾ ਭੇਜੀ ਜਾ ਚੁੱਕੀ ਹੈ ਜੋ ਕਿ ਕਮਿਸ਼ਨ ਵੱਲੋਂ ਘੋਖਣ ਉਪਰੰਤ ਤਸੱਲੀਬਖਸ਼ ਪਾਈ ਗਈ ਹੈ। ਇਸ ਕਰਕੇ ਇਹ ਸ਼ਿਕਾਇਤ ਕੇਸ ਵੀ ਨਹੀਂ ਬਣਦਾ। ਸ਼ਿਕਾਇਤਕਰਤਾ ਨੂੰ ਕਮਿਸ਼ਨ ਨੂੰ ਪਹੁੰਚ ਕਰਨ ਤੋਂ ਪਹਿਲਾਂ, ਪਹਿਲੀ ਅਪੀਲੀ ਅਥਾਰਟੀ ਕੋਲ ਪਹੁੰਚ ਕਰਨੀ ਚਾਹੀਦੀ ਸੀ। ਇਸ ਕਰਕੇ ਇਸ ਕੇਸ ਵਿੱਚ ਕਿਸੇ ਹੋਰ ਕਾਰਵਾਈ ਦੀ ਲੋੜ ਨਹੀਂ ਹੈ।ਇਸ ਲਈ ਸ਼ਿਕਾਇਤਕਰਤਾ ਵੱਲੋਂ ਕਮਿਸ਼ਨ ਵਿਖੇ ਦਾਇਰ ਕੀਤਾ ਗਿਆ **ਸ਼ਿਕਾਇਤ ਕੇਸ ਦਾਖਲ ਦਫ਼ਤਰ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 07 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਜੀਤ ਸਿੰਘ,
ਪੁੱਤਰ ਸ਼੍ਰੀ ਯਾਦਵਿੰਦਰ ਸਿੰਘ,
ਵਾਸੀ ਪਿੰਡ ਬਹਿਬਲ ਕਲਾਂ, ਤਹਿਸੀਲ ਜੈਤੋ,
ਜ਼ਿਲ੍ਹਾ ਫਰੀਦਕੋਟ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਜੈਤੋ,
ਜ਼ਿਲ੍ਹਾ ਫਰੀਦਕੋਟ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਜ਼ਿਲ੍ਹਾ ਫਰੀਦਕੋਟ। ------ਉੱਤਰਦਾਤਾ

**ਅਪੀਲ ਕੇਸ ਨੰ:2221/2018**

**ਹਾਜ਼ਰ:-**

1) ਸ਼੍ਰੀ ਗੁਰਜੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਨੀਰੂ ਗਰਗ, ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਜੈਤੋ (98786-00439) ਅਤੇ ਸ਼੍ਰੀ ਡੀ.ਸੀ. ਸਿੰਘ, ਪੰਚਾਇਤ ਸਕੱਤਰ (94634-33704)।

**ਹੁਕਮ:**

ਪਿਛਲੀ ਪੇਸ਼ੀ, ਮਿਤੀ 08-07-2019 ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਸ਼੍ਰੀ ਡੀ.ਸੀ. ਸਿੰਘ, ਪੰਚਾਇਤ ਸਕੱਤਰ, ਬਲਾਕ ਜੈਤੋ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਲਈ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਜੈਤੋ, ਜ਼ਿਲ੍ਹਾ ਫਰੀਦਕੋਟ ਨੂੰ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ ਕਿ ਅਪੀਲਕਰਤਾ ਵੱਲੋਂ ਫੀਸ ਜਮ੍ਹਾਂ ਕਰਾਉਣ ਦੇ ਬਾਵਜੂਦ ਵੀ ਉਸ ਨੂੰ ਅਜੇ ਤੱਕ ਸੂਚਨਾ ਮੁਹੱਈਆ ਕਿਉਂ ਨਹੀਂ ਕਰਵਾਈ ਗਈ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।

2. ਅੱਜ ਫਿਰ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਡੀ.ਸੀ. ਸਿੰਘ, ਪੰਚਾਇਤ ਸਕੱਤਰ, ਕਮਿਸ਼ਨ ਦੇ ਹੁਕਮ, ਮਿਤੀ 08-07-2019 ਅਨੁਸਾਰ ਅਪੀਲਕਰਤਾ ਵੱਲੋਂ ਫੀਸ ਜਮ੍ਹਾਂ ਕਰਾਉਣ ਦੇ ਬਾਵਜੂਦ ਵੀ ਉਸ ਨੂੰ ਅਜੇ ਤੱਕ ਸੂਚਨਾ ਮੁਹੱਈਆ ਨਾ ਕਰਾਉਣ ਬਾਰੇ ਕੋਈ ਤਸੱਲੀਬਖਸ਼ ਜਵਾਬ ਨਹੀਂ ਦੇ ਸਕੇ। ਸ਼੍ਰੀਮਤੀ ਨੀਰੂ ਗਰਗ, ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਜੈਤੋ ਨੇ ਕਿਹਾ ਕਿ ਉਨ੍ਹਾਂ ਨੇ ਹੁਣੇ ਹੀ ਚਾਰਜ ਸੰਭਾਲਿਆ ਹੈ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਦਾ ਭਰੋਸਾ ਦਿੰਦੇ ਹੋਏ ਕੁਝ ਸਮਾਂ ਦੀ ਮੰਗ ਕੀਤੀ ਗਈ ਹੈ। ਇਸ ਲਈ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਜੈਤੋ, ਜ਼ਿਲ੍ਹਾ ਫਰੀਦਕੋਟ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਵਿਸਥਾਰ-ਪੂਰਵਕ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ ਕਿ ਅਪੀਲਕਰਤਾ ਵੱਲੋਂ ਫੀਸ ਜਮ੍ਹਾਂ ਕਰਾਉਣ ਦੇ ਬਾਵਜੂਦ ਵੀ ਉਸ ਨੂੰ ਅਜੇ ਤੱਕ ਸੂਚਨਾ ਮੁਹੱਈਆ ਕਿਉਂ ਨਹੀਂ ਕਰਵਾਈ ਗਈ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 27-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 07 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਗੁਰਜੀਤ ਸਿੰਘ,
ਪੁੱਤਰ ਸ਼੍ਰੀ ਯਾਦਵਿੰਦਰ ਸਿੰਘ,
ਵਾਸੀ ਪਿੰਡ ਬਹਿਬਲ ਕਲਾਂ, ਤਹਿਸੀਲ ਜੈਤੋ,
ਜ਼ਿਲ੍ਹਾ ਫਰੀਦਕੋਟ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਬਲਾਕ ਵਿਕਾਸ ਤੇ ਪੰਚਾਇਤ ਅਫਸਰ,ਜੈਤੋ,
ਜ਼ਿਲ੍ਹਾ ਫਰੀਦਕੋਟ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫਸਰ,
ਜ਼ਿਲ੍ਹਾ ਫਰੀਦਕੋਟ। ------ਉੱਤਰਦਾਤਾ

**ਅਪੀਲ ਕੇਸ ਨੰ:2222/2018**

**ਹਾਜ਼ਰ:-**

1) ਸ਼੍ਰੀ ਗੁਰਜੀਤ ਸਿੰਘ, ਅਪੀਲਕਰਤਾ।
2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਸ਼੍ਰੀਮਤੀ ਨੀਰੂ ਗਰਗ, ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਜੈਤੋ (98786-00439) ਅਤੇ ਸ਼੍ਰੀ ਡੀ.ਸੀ. ਸਿੰਘ, ਪੰਚਾਇਤ ਸਕੱਤਰ (94634-33704)।

**ਹੁਕਮ:**

ਪਿਛਲੀ ਪੇਸ਼ੀ, ਮਿਤੀ 08-07-2019 ਤੇ ਹਾਜ਼ਰ ਅਪੀਲਕਰਤਾ ਨੇ ਕਿਹਾ ਸੀ ਕਿ ਉਸ ਨੂੰ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਸ਼੍ਰੀ ਡੀ.ਸੀ. ਸਿੰਘ, ਪੰਚਾਇਤ ਸਕੱਤਰ, ਬਲਾਕ ਜੈਤੋ ਵੱਲੋਂ ਹਾਜ਼ਰ ਨਾ ਹੋਣ ਬਾਰੇ ਈ.ਮੇਲ ਰਾਹੀਂ ਕਮਿਸ਼ਨ ਨੂੰ ਸੂਚਿਤ ਕਰਦੇ ਹੋਏ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ ਹੈ। ਇਸ ਲਈ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਜੈਤੋ, ਜ਼ਿਲ੍ਹਾ ਫਰੀਦਕੋਟ ਨੂੰ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ ਕਿ ਅਪੀਲਕਰਤਾ ਵੱਲੋਂ ਫੀਸ ਜਮ੍ਹਾਂ ਕਰਾਉਣ ਦੇ ਬਾਵਜੂਦ ਵੀ ਉਸ ਨੂੰ ਅਜੇ ਤੱਕ ਸੂਚਨਾ ਮੁਹੱਈਆ ਕਿਉਂ ਨਹੀਂ ਕਰਵਾਈ ਗਈ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਜਾਂਦਾ ਹੈ।

2. ਅੱਜ ਫਿਰ ਹਾਜ਼ਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਸ਼੍ਰੀ ਡੀ.ਸੀ. ਸਿੰਘ, ਪੰਚਾਇਤ ਸਕੱਤਰ, ਕਮਿਸ਼ਨ ਦੇ ਹੁਕਮ, ਮਿਤੀ 08-07-2019 ਅਨੁਸਾਰ ਅਪੀਲਕਰਤਾ ਵੱਲੋਂ ਫੀਸ ਜਮ੍ਹਾਂ ਕਰਾਉਣ ਦੇ ਬਾਵਜੂਦ ਵੀ ਉਸ ਨੂੰ ਅਜੇ ਤੱਕ ਸੂਚਨਾ ਮੁਹੱਈਆ ਨਾ ਕਰਾਉਣ ਬਾਰੇ ਕੋਈ ਤਸੱਲੀਬਖਸ਼ ਜਵਾਬ ਨਹੀਂ ਦੇ ਸਕੇ। ਸ਼੍ਰੀਮਤੀ ਨੀਰੂ ਗਰਗ, ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਜੈਤੋ ਨੇ ਕਿਹਾ ਕਿ ਉਨ੍ਹਾਂ ਨੇ ਹੁਣੇ ਹੀ ਚਾਰਜ ਸੰਭਾਲਿਆ ਹੈ ਅਪੀਲਕਰਤਾ ਨੂੰ ਸੂਚਨਾ ਮੁਹੱਈਆ ਕਰਾਉਣ ਦਾ ਭਰੋਸਾ ਦਿੰਦੇ ਹੋਏ ਕੁਝ ਸਮਾਂ ਦੀ ਮੰਗ ਕੀਤੀ ਗਈ ਹੈ। ਇਸ ਲਈ ਬਲਾਕ ਵਿਕਾਸ ਤੇ ਪੰਚਾਇਤ ਅਫਸਰ, ਜੈਤੋ, ਜ਼ਿਲ੍ਹਾ ਫਰੀਦਕੋਟ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਵਿਸਥਾਰ-ਪੂਰਵਕ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ ਕਿ ਅਪੀਲਕਰਤਾ ਵੱਲੋਂ ਫੀਸ ਜਮ੍ਹਾਂ ਕਰਾਉਣ ਦੇ ਬਾਵਜੂਦ ਵੀ ਉਸ ਨੂੰ ਅਜੇ ਤੱਕ ਸੂਚਨਾ ਮੁਹੱਈਆ ਕਿਉਂ ਨਹੀਂ ਕਰਵਾਈ ਗਈ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 27-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ, 07 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (90410-04313)
ਪਿੰਡ ਭੋਲਾਪੁਰ ਡਾਕਖਾਨਾ ਰਾਮਗੜ੍ਹ,
ਚੰਡੀਗੜ ਰੋਡ, ਲੁਧਿਆਣਾ।                                        ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਵਧੀਕ ਡਿਪਟੀ ਕਮਿਸ਼ਨਰ, ਲੁਧਿਆਣਾ।                                        -------ਉੱਤਰਦਾਤਾ

**ਅਪੀਲ ਕੇਸ ਨੰ:12/2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਪਿਛਲੀ ਪੇਸ਼ੀ, ਮਿਤੀ 15-07-2019 ਤੇ ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਜਸਬੀਰ ਸਿੰਘ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਲੋਕ ਸੂਚਨਾ ਅਧਿਕਾਰੀ ਦਫ਼ਤਰ ਉਪ ਮੰਡਲ, ਮੈਜਿਸਟਰੇਟ ਲੁਧਿਆਣਾ (ਪੂਰਬੀ) ਅਤੇ ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਫਿਰ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਲੋਕ ਸੂਚਨਾ ਅਧਿਕਾਰੀ ਦਫ਼ਤਰ ਉਪ ਮੰਡਲ, ਮੈਜਿਸਟਰੇਟ ਲੁਧਿਆਣਾ (ਪੂਰਬੀ) ਅਤੇ ਲੋਕ ਸੂਚਨਾ ਅਧਿਕਾਰੀ ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ ਨੂੰ ਆਖਰੀ ਮੌਕਾ ਦਿੰਦੇ ਹੋਏ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 07 ਅਗਸਤ, 2019.**                                        **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**ਕਾਪੀ:-**

ਲੋਕ ਸੂਚਨਾ ਅਧਿਕਾਰੀ,
ਦਫ਼ਤਰ ਉਪ ਮੰਡਲ, ਮੈਜਿਸਟਰੇਟ ਲੁਧਿਆਣਾ (ਪੂਰਬੀ)।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (90410-04313)
ਪਿੰਡ ਭੋਲਾਪੁਰ ਡਾਕਖਾਨਾ ਰਾਮਗੜ੍ਹ,
ਚੰਡੀਗੜ ਰੋਡ, ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫ਼ਤਰ ਉਪ ਮੰਡਲ ਮੈਜਿਸਟਰੇਟ ਲੁਧਿਆਣਾ (ਪੂਰਬੀ)।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ ਲੁਧਿਆਣਾ (ਪੂਰਬੀ)। -------ਉੱਤਰਦਾਤਾ

**ਅਪੀਲ ਕੇਸ ਨੰ:68/2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਅਪੀਲਕਰਤਾ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਪਿਛਲੀ ਪੇਸ਼ੀ, ਮਿਤੀ 15-07-2019 ਤੇ ਉੱਤਰਦਾਤਾ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਉਪ ਮੰਡਲ, ਮੈਜਿਸਟਰੇਟ-ਕਮ-ਪਹਿਲੀ ਅਪੀਲੀ ਅਥਾਰਟੀ, ਲੁਧਿਆਣਾ (ਪੂਰਬੀ) ਵੱਲੋਂ ਆਪਣੇ ਪੱਤਰ ਨੰ:55, ਮਿਤੀ 25-06-2019 ਜਿਸ ਦਾ ਇੱਕ ਉਤਾਰਾ ਅਪੀਲਕਰਤਾ ਨੂੰ ਭੇਜਿਆ ਹੋਇਆ ਸੀ, ਰਾਹੀਂ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਸੀ ਕਿ ਅਪੀਲਕਰਤਾ ਨੂੰ ਪੱਤਰ ਨੰ:22/ਰੀਡਰ, ਮਿਤੀ 01-04-2019 ਰਾਹੀਂ ਸੂਚਨਾ ਭੇਜੀ ਜਾ ਚੁੱਕੀ ਹੈ। ਅਪੀਲਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਜਸਬੀਰ ਸਿੰਘ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਲੋਕ ਸੂਚਨਾ ਅਧਿਕਾਰੀ ਦਫ਼ਤਰ ਉਪ ਮੰਡਲ, ਮੈਜਿਸਟਰੇਟ ਲੁਧਿਆਣਾ (ਪੂਰਬੀ) ਨੂੰ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਅਪੀਲਕਰਤਾ ਨੇ ਕਿਹਾ ਹੈ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਫਿਰ ਕੋਈ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਲੋਕ ਸੂਚਨਾ ਅਧਿਕਾਰੀ ਦਫ਼ਤਰ ਉਪ ਮੰਡਲ, ਮੈਜਿਸਟਰੇਟ ਲੁਧਿਆਣਾ (ਪੂਰਬੀ) ਨੂੰ ਆਖਰੀ ਮੌਕਾ ਦਿੰਦੇ ਹੋਏ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਵੱਲੋਂ ਮੰਗੀ ਗਈ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

ਨਿਧੱੜਕ ਸਿੰਘ ਬਰਾੜ)

**ਮਿਤੀ: ਚੰਡੀਗੜ੍ਹ, 07 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਤੇਜਿੰਦਰ ਸਿੰਘ, (90410-04313)
ਪਿੰਡ ਭੋਲਾਪੁਰ ਡਾਕਖਾਨਾ ਰਾਮਗੜ੍ਹ,
ਚੰਡੀਗੜ ਰੋਡ, ਲੁਧਿਆਣਾ। ------ਸ਼ਿਕਾਇਤਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ ,
ਦਫ਼ਤਰ ਸਿਹਤ ਮੰਤਰੀ, ਪੰਜਾਬ,
ਚੰਡੀਗੜ੍ਹ। -----ਉੱਤਰਦਾਤਾ

**ਸ਼ਿਕਾਇਤ ਕੇਸ ਨੰ:04/2019**

**ਹਾਜ਼ਰ:-**

1) ਸ਼੍ਰੀ ਤੇਜਿੰਦਰ ਸਿੰਘ, ਸ਼ਿਕਾਇਤਕਰਤਾ ।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹਕਮ:**

ਪਿਛਲੀ ਪੇਸ਼ੀ ਮਿਤੀ, 15-07-2019 ਤੇ ਉੱਤਰਦਾਤਾ ਵੱਲੋਂ ਲਗਾਤਾਰ ਤਿੰਨ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਪਰੰਤੂ ਲੋਕ ਸੂਚਨਾ ਅਧਿਕਾਰੀ ਦਫ਼ਤਰ ਕਮਿਸ਼ਨਰੇਟ, ਫੂਡ ਅਤੇ ਡਰੱਗਜ਼ ਐਡਮਨਿਸਟਰੇਸ਼ਨ, ਖਰੜ, ਵੱਲੋਂ ਆਪਣੇ ਪੱਤਰ ਨੰ: ਫੂਡ/2019/1311-12, ਮਿਤੀ 13-05-2019 ਜੋ ਕਿ ਸ਼ਿਕਾਇਤਕਰਤਾ ਨੂੰ ਸੰਬੋਧਿਤ ਸੀ, ਦੀ ਕਾਪੀ ਭੇਜਦੇ ਹੋਏ ਕਮਿਸ਼ਨ ਨੂੰ ਸੂਚਿਤ ਕੀਤਾ ਗਿਆ ਸੀ ਕਿ ਸ਼ਿਕਾਇਤਕਰਤਾ ਨੂੰ ਪੱਤਰ ਨੰ:ਫੂਡ(2)/2018/09, ਮਿਤੀ 02-01-2019 ਰਾਹੀਂ ਪਹਿਲਾਂ ਹੀ ਸੂਚਨਾ ਭੇਜੀ ਜਾ ਚੁੱਕੀ ਹੈ। ਪਰੰਤੂ ਪੇਸ਼ੀ ਤੇ ਸ਼ਿਕਾਇਤਕਰਤਾ ਵੱਲੋਂ ਹਾਜ਼ਰ ਨੁਮਾਇੰਦੇ, ਸ਼੍ਰੀ ਜਸਬੀਰ ਸਿੰਘ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਲੋਕ ਸੂਚਨਾ ਅਧਿਕਾਰੀ ਦਫ਼ਤਰ ਸਿਹਤ ਮੰਤਰੀ, ਪੰਜਾਬ, ਚੰਡੀਗੜ ਨੂੰ ਹਦਾਇਤ ਕੀਤੀ ਗਈ ਸੀ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਕੇ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਅੱਜ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ। ਹੈ।

2. ਅੱਜ ਫਿਰ ਸ਼ਿਕਾਇਤਕਰਤਾ ਨੇ ਕਿਹਾ ਹੈ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਫਿਰ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਲੋਕ ਸੂਚਨਾ ਅਧਿਕਾਰੀ ਦਫ਼ਤਰ ਸਿਹਤ ਮੰਤਰੀ, ਪੰਜਾਬ, ਚੰਡੀਗੜ ਨੂੰ ਆਖਰੀ ਮੌਕਾ ਦਿੰਦੇ ਹੋਏ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਸ਼ਿਕਾਇਤਕਰਤਾ ਵੱਲੋਂ ਮੰਗੀ ਗਈ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਸੂਚਨਾ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ। ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005, ਤਹਿਤ ਬਣਦੀ ਅਗਲੇਰੀ ਇਕਤਰਫਾ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**ਨਿਧੱੜਕ ਸਿੰਘ ਬਰਾੜ)**

**ਮਿਤੀ: ਚੰਡੀਗੜ੍ਹ,** 07 **ਅਗਸਤ,** 2019. **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ, ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਡਿਪਟੀ ਕਮਿਸ਼ਨਰ, ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ-ਕਮ-
ਡਿਪਟੀ ਕਮਿਸ਼ਨਰ, ਲੁਧਿਆਣਾ। -----ਉੱਤਰਦਾਤਾ

**ਅਪੀਲ ਕੇਸ ਨੰ:3513/2018**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਤੇਜਿੰਦਰ ਸਿੰਘ (90410-04313)।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 15-07-2019 ਤੇ ਅਪੀਲਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਸੀ ਕਿ ਉਸ ਵੱਲੋਂ ਪ੍ਰਾਪਤ ਹੋਈ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਈ.ਮੇਲ ਰਾਹੀਂ ਸੂਚਿਤ ਕਰਨ ਦੇ ਬਾਵਜੂਦ ਵੀ ਸੋਧੀ ਹੋਈ ਸੂਚਨਾ ਮੁਹੱਈਆ ਨਹੀਂ ਕਰਵਾਈ ਗਈ। ਉੱਤਰਦਾਤਾ ਵੱਲੋਂ ਲਗਾਤਾਰ ਤਿੰਨ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਨ੍ਹਾਂ ਵੱਲੋਂ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਹਦਾਇਤ ਕੀਤੀ ਗਈ ਸੀ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ ਅਤੇ ਇਹ ਵੀ ਦੱਸਿਆ ਜਾਵੇ ਕਿ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਉਨ੍ਹਾਂ ਨੂੰ ਸੂਚਿਤ ਕਰਨ ਦੇ ਬਾਵਜੂਦ ਵੀ ਅਜੇ ਤੱਕ ਸੂਚਨਾ ਮੁਹੱਈਆ ਕਿਉਂ ਨਹੀਂ ਕਰਵਾਈ ਗਈ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਅਪੀਲਕਰਤਾ ਵੱਲੋਂ ਹਾਜ਼ਰ, ਸ਼੍ਰੀ ਤੇਜਿੰਦਰ ਸਿੰਘ ਨੇ ਕਿਹਾ ਹੈ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਫਿਰ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਆਖਰੀ ਮੌਕਾ ਦਿੰਦੇ ਹੋਏ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਪੇਸ਼ੀ ਦੀ ਅਗਲੀ ਮਿਤੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਪੇਸ਼ ਕੀਤਾ ਜਾਵੇ ਅਤੇ ਇਹ ਵੀ ਦੱਸਿਆ ਜਾਵੇ ਕਿ ਅਪੀਲਕਰਤਾ ਵੱਲੋਂ ਸੂਚਨਾ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਉਨ੍ਹਾਂ ਨੂੰ ਸੂਚਿਤ ਕਰਨ ਦੇ ਬਾਵਜੂਦ ਵੀ ਅਜੇ ਤੱਕ ਸੂਚਨਾ ਮੁਹੱਈਆ ਕਿਉਂ ਨਹੀਂ ਕਰਵਾਈ ਗਈ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਆਰ.ਟੀ.ਆਈ. ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 07 ਅਗਸਤ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜਸਬੀਰ ਸਿੰਘ, (98882-96107)
ਪਿੰਡ ਭੋਲਾਪੁਰ ਝੱਬੇਵਾਲ,
ਡਾਕਖਾਨਾ ਰਾਮਗੜ੍ਹ,
ਜ਼ਿਲ੍ਹਾ ਲਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ,
ਜ਼ਿਲ੍ਹਾ ਅੰਮ੍ਰਿਤਸਰ।

ਪਹਿਲੀ ਅਪੀਲੀ ਅਥਾਰਟੀ-ਕਮ-
ਉਪ ਮੰਡਲ ਮੈਜਿਸਟਰੇਟ, ਬਾਬਾ ਬਕਾਲਾ ਸਾਹਿਬ,
ਜ਼ਿਲ੍ਹਾ ਅੰਮ੍ਰਿਤਸਰ। -----ਉੱਤਰਦਾਤਾ

**ਅਪੀਲ ਕੇਸ ਨੰ:1218/2019**

**ਹਾਜ਼ਰ:-**

1) ਅਪੀਲਕਰਤਾ ਸ਼੍ਰੀ ਤੇਜਿੰਦਰ ਸਿੰਘ (90410-04313)।।
2) ਉੱਤਰਦਾਤਾ ਵੱਲੋਂ ਕੋਈ ਵੀ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 15-07-2019 ਤੇ ਅਪੀਲਕਰਤਾ ਨੇ ਹਾਜ਼ਰ ਹੋ ਕੇ ਦੱਸਿਆ ਸੀ ਕਿ ਉਸ ਨੂੰਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਇਸ ਲਈ ਉਸ ਨੇ ਸੂਚਨਾ ਮੁਹੱਈਆ ਕਰਾਉਣ ਅਤੇ ਲੋਕ ਸੂਚਨਾ ਅਧਿਕਾਰੀ ਵਿਰੁੱਧ ਬਣਦੀ ਕਾਰਵਾਈ ਕਰਨ ਲਈ ਬੇਨਤੀ ਕੀਤੀ ਸੀ। ਉੱਤਰਦਾਤਾ ਵੱਲੋਂ ਲਗਾਤਾਰ ਦੋ ਪੇਸ਼ੀਆਂ ਤੇ ਕੋਈ ਵੀ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਪੇਸ਼ੀ ਤੇ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸਖਤ ਹਦਾਇਤ ਕੀਤੀ ਗਈ ਸੀ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਫਿਰ ਅਪੀਲਕਰਤਾ ਵੱਲੋਂ ਹਾਜ਼ਰ, ਸ਼੍ਰੀ ਤੇਜਿੰਦਰ ਸਿੰਘ ਨੇ ਕਿਹਾ ਹੈ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ ਵੱਲੋਂ ਅੱਜ ਫਿਰ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਆਖਰੀ ਮੌਕਾ ਦਿੰਦੇ ਹੋਏ ਮੁੜ ਹਦਾਇਤ ਕੀਤੀ ਜਾਂਦੀ ਹੈ ਕਿ ਅਪੀਲਕਰਤਾ ਦੇ ਬਿਨੈ-ਪੱਤਰ ਅਨੁਸਾਰ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਸੂਚਨਾ ਅਪੀਲਕਰਤਾ ਨੂੰ ਪੇਸ਼ੀ ਦੀ ਅਗਲੀ ਮਿਤੀ ਤੋਂ ਪਹਿਲਾਂ-ਪਹਿਲਾਂ ਮੁਹੱਈਆ ਕਰਵਾਈ ਜਾਵੇ ਅਤੇ ਅਗਲੀ ਪੇਸ਼ੀ ਤੇ ਨਿੱਜੀ ਤੌਰ ਤੇ ਹਾਜ਼ਰ ਹੋ ਕੇ ਲਗਾਤਾਰ ਪੇਸ਼ੀਆਂ ਤੇ ਹਾਜ਼ਰ ਨਾ ਹੋਣ ਬਾਰੇ ਸਪੱਸ਼ਟੀਕਰਣ ਵੀ ਪੇਸ਼ ਕੀਤਾ ਜਾਵੇ।ਅਜਿਹਾ ਨਾ ਕਰਨ ਦੀ ਸੂਰਤ ਵਿੱਚ ਉਨ੍ਹਾਂ ਵਿਰੁੱਧ ਸੂਚਨਾ ਦਾ ਅਧਿਕਾਰ ਐਕਟ, 2005 ਤਹਿਤ ਬਣਦੀ ਇਕਤਰਫਾ ਅਗਲੇਰੀ ਕਾਰਵਾਈ ਆਰੰਭ ਕਰ ਦਿੱਤੀ ਜਾਵੇਗੀ। ਇਸ ਹਦਾਇਤ ਦੇ ਨਾਲ ਇਹ ਕੇਸ **ਅਗਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
**ਮਿਤੀ: ਚੰਡੀਗੜ੍ਹ, 07 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਦੇਵਿੰਦਰ ਸਿੰਘ,
ਪੁੱਤਰ ਸ਼੍ਰੀ ਮਲਕੀਤ ਸਿੰਘ,
ਵਾਸੀ ਢਿਲਵਾਂ ਨਾਭਾ,
ਤਹਿਸੀਲ ਤਪਾ, ਜ਼ਿਲ੍ਹਾ ਬਰਨਾਲਾ। -------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਗੁਰੂ ਗੋਬਿੰਦ ਸਿੰਘ ਕਾਲਿਜ, ਸੰਘੇੜਾ,
ਬਰਨਾਲਾ।

ਪਹਿਲੀ ਅਪੀਲੀ ਅਥਾਰਟੀ,
ਦਫ਼ਤਰ ਡਾਇਰੈਕਟਰ, ਸਿੱਖਿਆ (ਕਾਲਿਜਾਂ),
ਪੰਜਾਬ ਸਕੂਲ ਸਿੱਖਿਆ ਬੋਰਡ ਕੰਪਲੈਕਸ,
ਈ-ਬਲਾਕ, 7ਵੀਂ ਮੰਜ਼ਿਲ, ਫੇਸ-8,
ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ:2498 ਆਫ 2014**

**ਹਾਜ਼ਰ:**

1) ਅਪੀਲਕਰਤਾ ਵੱਲੋਂ ਕੋਈ ਵੀ ਨਹੀਂ।
2) ਉਤਰਦਾਤਾ ਵੱਲੋਂ ਵੀ ਕੋਈ ਨਹੀਂ।

**ਹੁਕਮ:**

ਪਿਛਲੀ ਪੇਸ਼ੀ, ਮਿਤੀ 15-07-2019 ਤੇ ਉਤਰਦਾਤਾ (ਲੋਕ ਸੂਚਨਾ ਅਧਿਕਾਰੀ) ਵੱਲੋਂ ਹਾਜ਼ਰ ਅਧਿਕਾਰਿਤ ਨੁਮਾਇੰਦੇ ਸ਼੍ਰੀ ਅਰੀਹੰਤ ਗੋਇਲ, ਐਡਵੋਕੇਟ ਨੇ ਸ਼੍ਰੀ ਭੋਲਾ ਸਿੰਘ, ਪ੍ਰਧਾਨ, ਦੀ ਤਰਫੋਂ ਲਿਖਤੀ ਜਵਾਬ, ਮਿਤੀ 15-07-2019 ਪੇਸ਼ ਕੀਤਾ ਸੀ ਜੋ ਕਿ ਮਿਸਲ ਤੇ ਰੱਖ ਲਿਆ ਗਿਆ ਸੀ। ਅਪੀਲਕਰਤਾ ਹਾਜ਼ਰ ਨਹੀਂ ਹੋਇਆ ਸੀ ਅਤੇ ਨਾ ਹੀ ਉਸ ਵੱਲੋਂ ਆਪਣੀ ਗੈਰਹਾਜ਼ਰੀ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਸੀ। ਇਸ ਲਈ ਹਾਜ਼ਰ ਉੱਤਰਦਾਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਇਸ ਜਵਾਬ ਦੀ ਇੱਕ ਕਾਪੀ ਅਪੀਲਕਰਤਾ ਨੂੰ ਭੇਜ਼ ਦਿੱਤੀ ਜਾਵੇ ਤਾਂ ਜ਼ੋ ਅਗਲੀ ਪੇਸ਼ੀ ਤੇ ਇਸ ਮਾਮਲੇ ਬਾਰੇ ਵਿਚਾਰ ਕੀਤਾ ਜ਼ਾ ਸਕੇ।ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਦੋਵਾਂ ਧਿਰਾਂ ਵੱਲੋਂ ਕੋਈ ਵੀ ਹਾਜ਼ਰ ਨਹੀਂ ਹੋਇਆ ਅਤੇ ਨਾ ਹੀ ਅੱਜ ਹਾਜ਼ਰ ਨਾ ਹੋਣ ਬਾਰੇ ਕਮਿਸ਼ਨ ਨੂੰ ਕੋਈ ਸੂਚਨਾ ਹੀ ਭੇਜੀ ਗਈ ਹੈ। ਇਸ ਲਈ ਦੋਵਾਂ ਧਿਰਾਂ ਨੂੰ ਆਪਣਾ ਪੱਖ ਪੇਸ਼ ਕਰਨ ਦਾ ਮੌਕਾ ਦਿੰਦੇ ਹੋਏ ਇਹ ਕੇਸ **ਅਗਲੀ ਸੁਣਵਾਈ ਮਿਤੀ 04-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

**(ਨਿਧੱੜਕ ਸਿੰਘ ਬਰਾੜ)**
**ਮਿਤੀ: ਚੰਡੀਗੜ੍ਹ, 07 ਅਗਸਤ, 2019.** **ਰਾਜ ਸੂਚਨਾ ਕਮਿਸ਼ਨਰ, ਪੰਜਾਬ।**

**PUNJAB STATE INFORMATION COMMISSION**
**Red Cross Building, Near Rose Garden,**
**Sector 16, Chandigarh.**
**Ph: 0172-2864113, Email: - psic23@punjabmail.gov.in**
**Visit us: - www.infocommpunjab.com**

ਸ਼੍ਰੀ ਜੁਆਲਾ ਸਿੰਘ,
ਪੁੱਤਰ ਸ਼੍ਰੀ ਸੰਤੋਖ ਸਿੰਘ,
ਪਿੰਡ ਦਿਆਲਪੁਰਾ,
ਤਹਿਸੀਲ ਸਮਰਾਲਾ,
ਜ਼ਿਲ੍ਹਾ ਲੁਧਿਆਣਾ। ------ਅਪੀਲਕਰਤਾ

ਬਨਾਮ

ਲੋਕ ਸੂਚਨਾ ਅਧਿਕਾਰੀ,
ਦਫਤਰ ਪ੍ਰਿੰਸੀਪਲ, ਮਾਲਵਾ ਕਾਲਿਜ, ਬੋਂਦਲੀ,
ਜ਼ਿਲ੍ਹਾ ਲੁਧਿਆਣਾ।

ਪਹਿਲੀ ਅਪੀਲੀ ਅਥਾਰਟੀ,
ਦਫਤਰ ਡਾਇਰੈਕਰ, ਸਿੱਖਿਆ (ਕਾਲਿਜਾਂ) ਪੰਜਾਬ,
ਸਿੱਖਿਆ ਭਵਨ, ਮੁਹਾਲੀ। -------ਉੱਤਰਦਾਤਾ

**ਅਪੀਲ ਕੇਸ ਨੰ:714 ਆਫ਼ 2019**

**ਹਾਜ਼ਰ:-**

1) ਅਪੀਲਕਰਤਾ ਵੱਲੋਂ ਸ਼੍ਰੀ ਮੋਹਿਤ ਵਸ਼ਿਸ਼ਟ(98888-68988), ਐਡਵੋਕੇਟ।

1) 2) ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੀ ਤਰਫੋਂ ਸ਼੍ਰੀ ਕਰਮਬੀਰ ਸਿੰਘ ਚਾਵਲਾ, ਐਡਵੋਕੇਟ (94170-07700)।

**ਹੁਕਮ:**

ਪਿਛਲੀ ਪੇਸ਼ੀ, ਮਿਤੀ 15-07-2019 ਤੇ ਦੋਵੇਂ ਧਿਰਾਂ ਨੂੰ ਸੁਣਿਆ ਗਿਆ ਸੀ। ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਮੋਹਿਤ ਵਸ਼ਿਸ਼ਟ ਐਡਵੋਕੇਟ ਨੇ ਕਿਹਾ ਸੀ ਕਿ ਉਸ ਨੂੰ ਮੰਗੀ ਗਈ ਸੂਚਨਾ ਪ੍ਰਾਪਤ ਨਹੀਂ ਹੋਈ। ਉੱਤਰਦਾਤਾ, ਸ਼੍ਰੀਮਤੀ ਪਰਮਜੀਤ ਕੌਰ ਸੋਬਤੀ, ਪਿੰਸੀਪਲ-ਕਮ-ਲੋਕ ਸੂਚਨਾ ਅਧਿਕਾਰੀ ਵੱਲੋਂ ਆਪਣੇ ਨੁਮਾਇੰਦੇ, ਸ਼੍ਰੀ ਕਰਮਬੀਰ ਸਿੰਘ ਚਾਵਲਾ, ਐਡਵੋਕੇਟ ਰਾਹੀਂ ਆਪਣੇ ਜਵਾਬ, ਮਿਤੀ 24-06-2019 ਦੇ ਸਬੰਧ ਵਿੱਚ ਅਪੀਲਕਰਤਾ ਵੱਲੋਂ ਪੇਸ਼ ਕੀਤੇ ਗਏ ਜਵਾਬ ਮਿਤੀ 09-07-2019 ਦੇ ਵਿਰੁੱਧ ਆਪਣਾ ਲਿਖਤੀ ਜਵਾਬ, ਮਿਤੀ 15-07-2019 ਪੇਸ਼ ਕੀਤਾ ਸੀ ਜ਼ੋ ਕਿ ਮਿਸਲ ਤੇ ਰੱਖ ਲਿਆ ਗਿਆ ਸੀ ਅਤੇ ਉਸ ਦੀ ਇੱਕ ਕਾਪੀ ਅਪੀਲਕਰਤਾ ਨੂੰ ਵੀ ਦਸਤੀ ਦੇ ਦਿੱਤੀ ਗਈ ਸੀ। ਅਪੀਲਕਰਤਾ ਨੂੰ ਹਦਾਇਤ ਕੀਤੀ ਗਈ ਸੀ ਕਿ ਜੇਕਰ ਉਸ ਨੂੰ ਪ੍ਰਾਪਤ ਹੋਏ ਜਵਾਬ ਵਿੱਚ ਕੋਈ ਤਰੁੱਟੀਆਂ ਪਾਈਆਂ ਜਾਣ ਤਾਂ ਉਨ੍ਹਾਂ ਬਾਰੇ ਲਿਖਤੀ ਰੂਪ ਵਿੱਚ ਲੋਕ ਸੂਚਨਾ ਅਧਿਕਾਰੀ ਨੂੰ ਸਿੱਧੇ ਤੌਰ ਤੇ ਸੂਚਿਤ ਕੀਤਾ ਜਾਵੇ ਤਾਂ ਜ਼ੋ ਉਨ੍ਹਾਂ ਦੀ ਪੂਰਤੀ ਕੀਤੀ ਜਾ ਸਕੇ। ਇਸ ਹਦਾਇਤ ਦੇ ਨਾਲ ਇਹ ਕੇਸ ਅਗਲੀ ਸੁਣਵਾਈ ਮਿਤੀ 07-08-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ ਕੀਤਾ ਗਿਆ ਸੀ।

2. ਅੱਜ ਪੇਸ਼ੀ ਤੇ ਅਪੀਲਕਰਤਾ ਵੱਲੋਂ ਹਾਜ਼ਰ ਸ਼੍ਰੀ ਮੋਹਿਤ ਵਸ਼ਿਸ਼ਟ ਐਡਵੋਕੇਟ ਨੇ ਕਿਹਾ ਕਿ ਉਨ੍ਹਾਂ ਵੱਲੋਂ ਉੱਤਰਦਾਤਾ ਦੇ ਜਵਾਬ ਵਿੱਚ ਪਾਈਆਂ ਗਈਆਂ ਤਰੁੱਟੀਆਂ ਬਾਰੇ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਨੂੰ ਸੂਚਿਤ ਕਰਨ ਦੇ ਬਾਵਜੂਦ ਵੀ ਅਜੇ ਤੱਕ ਸੂਚਨਾ ਪ੍ਰਾਪਤ ਨਹੀਂ ਹੋਈ। ਅਪੀਲਕਰਤਾ ਦੇ ਨੁਮਾਇੰਦੇ ਵੱਲੋਂ ਪੇਸ਼ੀ ਭੁਗਤ ਕੇ ਜਾਣ ਤੋਂ ਬਾਅਦ ਉੱਤਰਦਾਤਾ (ਲੋਕ ਸੂਚਨਾ ਅਧਿਕਾਰੀ) ਦੀ ਤਰਫੋਂ ਸ਼੍ਰੀ ਕਰਮਬੀਰ ਸਿੰਘ ਚਾਵਲਾ, ਐਡਵੋਕੇਟ ਨੇ ਪੱਤਰ, ਮਿਤੀ 06-08-2019 ਦੀ ਕਾਪੀ ਪੇਸ਼ ਕਰਦੇ ਹੋਏ ਪਿੰਸੀਪਲ-ਕਮ- ਲੋਕ ਸੂਚਨਾ ਅਧਿਕਾਰੀ ਨੂੰ ਅੱਜ ਪੇਸ਼ੀ ਤੇ ਹਾਜ਼ਰ ਹੋਣ ਤੋਂ ਛੋਟ ਦੇਣ ਲਈ ਬੇਨਤੀ ਕੀਤੀ ਅਤੇ ਪੇਸ਼ੀ ਲਈ ਅਗਲੀ ਮਿਤੀ ਦੀ ਮੰਗ ਕੀਤੀ ਗਈ।ਹਾਜ਼ਰ ਉੱਤਰਦਾਤਾ ਵੱਲੋਂ ਪੇਸ਼ ਕੀਤਾ ਗਿਆ ਪੱਤਰ ਮਿਸਲ ਤੇ ਰੱਖ ਲਿਆ ਗਿਆ ਹੈ।ਇਸ ਲਈ ਇਹ ਕੇਸ **ਅਗਲੀ ਸੁਣਵਾਈ ਮਿਤੀ 03-09-2019 ਨੂੰ ਸਵੇਰੇ 11-30 ਵਜੇ ਲਈ ਨਿਸਚਿਤ** ਕੀਤਾ ਜਾਂਦਾ ਹੈ।

(ਨਿਧੱੜਕ ਸਿੰਘ ਬਰਾੜ)
ਮਿਤੀ: ਚੰਡੀਗੜ੍ਹ, 07 ਅਗਸਤ, 2019. ਰਾਜ ਸੂਚਨਾ ਕਮਿਸ਼ਨਰ, ਪੰਜਾਬ।